**ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।**

ਮੀਮੋ ਨੰ: Transfer Cell/2023/437408/੫੫੨ ਮਿਤੀ:09.06.2023

ਜਨਤਕ ਸੂਚਨਾ

1.0 ਪੰਜਾਬ ਸਰਕਾਰ, ਸਿੱਖਿਆ ਵਿਭਾਗ ਦੇ ਪੱਤਰ ਨੰ 11/35/2018-1edu6/1508658, ਮਿਤੀ 25.06.2019 ਰਾਹੀਂ ਅਧਿਆਪਕ ਦੀ Teachers Transfer Policy-2019 ਜਾਰੀ ਕੀਤੀ ਗਈ ਸੀ ਅਤੇ ਉਸ ਉਪਰੰਤ ਸਮੇਂ ਸਮੇਂ ਤੇ ਸੋਧਾਂ ਜਾਰੀ ਕੀਤੀਆਂ ਗਈਆਂ ਸਨ।

2.0 ਸਿੱਖਿਆ ਵਿਭਾਗ ਵਲੋਂ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ 3704, 2392 ਮਾਸਟਰ ਕਾਡਰ ਭਰਤੀ ਅਧੀਨ ਭਰਤੀ ਹੋਏ ਅਧਿਆਪਕਾਂ ਅਤੇ 873 ਡੀ.ਪੀ.ਈ ਭਰਤੀ ਅਧੀਨ ਭਰਤੀ ਹੋਈਆਂ 53 ਡੀ.ਪੀ.ਈ ਨੂੰ ਪਰਖ਼ ਕਾਲ ਪੂਰਾ ਹੋਣ ਜਾਂ ਸਕੂਲ ਵਿੱਚ ਦੋ ਸਾਲ ਦੀ ਠਹਿਰ ਦੀ ਸ਼ਰਤ ਤੋਂ ਇੱਕ ਵਾਰ ਵਿਸ਼ੇਸ਼ ਛੋਟ (one time measure) ਦਿੰਦੇ ਹੋਏ, ਬਾਰਡਰ ਜਿਲ੍ਹਿਆਂ ਦੇ ਸਕੂਲਾਂ ਅਤੇ ਪੰਜਾਬ ਰਾਜ ਦੇ ਜਿੰਨਾਂ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਗਿਣਤੀ 300 ਤੋਂ ਉੱਪਰ ਹੈ ਪਰੰਤੂ ਅਧਿਆਪਕ ਘੱਟ ਹਨ, ਵਿਖੇ ਬਦਲੀ ਦਾ ਮੌਕਾ ਦਿੱਤਾ ਗਿਆ ਹੈ।

3.0 ਉਪਰੋਕਤ ਅਧਿਆਪਕਾਂ ਨੂੰ ਆਪਣੇ ਵੇਰਵੇ ਭਰਨ ਲਈ ਮਿਤੀ 04.06.2023 ਤੋਂ 05.06.2023 ਤੱਕ ਦਾ ਸਮਾਂ ਦਿੱਤਾ ਗਿਆ ਸੀ। ਅਧਿਆਪਕਾਂ ਵਲੋਂ ਭਰੇ ਗਏ ਡਾਟਾ ਦੀ ਤਸਦੀਕ ਸਬੰਧਤ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 06.06.2023 ਤੋਂ 07.06.2023 ਤੱਕ ਕੀਤੀ ਗਈ ਸੀ।

4.0 ਕੁਝ ਅਧਿਆਪਕਾਂ ਵਲੋਂ ਵਿਭਾਗ ਨਾਲ ਸੰਪਰਕ ਕਰਕੇ ਦੱਸਿਆ ਗਿਆ ਹੈ ਕਿ ਉਹਨਾਂ ਦਾ ਡਾਟਾ ਮਿਸਮੈਚ ਆ ਰਿਹਾ ਹੈ ਅਤੇ ਪੋਰਟਲ ਤੇ ਉਹ ਬਦਲੀ ਲਈ ਅਯੋਗ ਦਿਖਾਏ ਜਾ ਰਹੇ ਹਨ। ਉਹਨਾਂ ਵਲੋਂ ਮੰਗ ਕੀਤੀ ਗਈ ਹੈ ਕਿ ਡਾਟਾ ਦਰੁੱਸਤ ਕਰਨ ਲਈ ਇੱਕ ਮੌਕਾ ਦਿੱਤਾ ਜਾਵੇ।

5.0 ਅਧਿਆਪਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਵਿਭਾਗ ਵਲੋਂ 3704, 2392 ਮਾਸਟਰ ਕਾਡਰ ਭਰਤੀ ਅਧੀਨ ਭਰਤੀ ਹੋਏ ਅਧਿਆਪਕਾਂ ਅਤੇ 873 ਡੀ.ਪੀ.ਈ ਭਰਤੀ ਅਧੀਨ ਭਰਤੀ ਹੋਈਆਂ 53 ਡੀ.ਪੀ.ਈ, ਜਿੰਨਾਂ ਦਾ ਡਾਟਾ ਮਿਸਮੈਚ ਆ ਰਿਹਾ ਹੈ, ਨੂੰ ਇੱਕ ਵਾਰ ਡਾਟਾ ਦਰੁੱਸਤ ਕਰਨ ਦਾ ਮੌਕਾ ਮਿਤੀ 09.06.2023 ਤੋਂ 10.06.2023 ਸਮਾਂ ਦੁਪਿਹਰ

Scanned with CamScanner

12.00 ਵਜੇ ਤੱਕ ਦਿੱਤਾ ਜਾਂਦਾ ਹੈ। ਅਧਿਆਪਕ ਆਪਣੇ ਸਕੂਲ ਮੁੱਖੀ/ਡੀ.ਡੀ.ਓ ਦੇ ਅਕਾਊਂਟ ਵਿਚੋਂ ਡਾਟਾ ਦਰੁੱਸਤ ਕਰਵਾ ਸਕਦੇ ਹਨ।

6.0 3704, 2392 ਮਾਸਟਰ ਕਾਡਰ ਭਰਤੀ ਅਧੀਨ ਭਰਤੀ ਹੋਏ ਅਧਿਆਪਕਾਂ ਅਤੇ 873 ਡੀ.ਪੀ.ਈ ਭਰਤੀ ਅਧੀਨ ਭਰਤੀ ਹੋਈਆਂ 53 ਡੀ.ਪੀ.ਈ ਜਿੰਨਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੋਈ ਹੈ ਅਤੇ ਉਹਨਾਂ ਦਾ ਡਾਟਾ ਸਕੂਲ ਮੁੱਖੀ/ਡੀ.ਡੀ.ਓ ਵਲੋਂ ਅਪਰੂਵ ਕੀਤਾ ਹੋਇਆ ਹੈ, ਜੇਕਰ ਉਹ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 10.06.2023 ਸਮਾਂ 12.00 ਬਾ.ਦੁ ਤੋਂ ਮਿਤੀ 11.06.2023 ਸਮਾਂ 12.00 ਬਾ.ਦੁ ਤੱਕ ਦੇ ਸਕਦੇ ਹਨ।

7.0 ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈ ਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਹਨਾਂ ਉਪਲਬਧ ਖਾਲੀ ਸਟੇਸਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

8.0 ਜਿਹੜੇ ਅਧਿਆਪਕ/ਕਰਮਚਾਰੀ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਹਨਾਂ ਨੂੰ ਬਦਲੀ ਵਾਲੇ ਸਟੇਸਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ, ਕਿਸੇ ਵੀ ਹਾਲਤ ਵਿੱਚ ਬਦਲੀ ਨਹੀਂ ਕੀਤੀ ਜਾਵੇਗੀ।

9.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿੰਨਾਂ ਦੀ ਫੋਨ ਨੰਬਰਾਂ ਦੀ ਸੂਚੀ epunjabschool portal ਤੇ ਉਪਲਬਧ ਹੈ।

09/06/2023

ਸਹਾਇਕ ਡਾਇਰੈਕਟਰ (ਵਰਕਸ ਤੇ ਪਲਾਨਿੰਗ ਅਤੇ ਬਦਲੀਆਂ)

Scanned with CamScanner